ਡਾਇਰੈਕਟਰ ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ।
ਨੇੜੇ ਗੁਰੂਦੁਆਰਾ ਸਾਚਾ ਧੰਨ ਸਾਹਿਬ,
(ਮਾਈਕਰੋਸਾਫ਼ਟ ਬਿਲਿਡਿੰਗ)
ਫੇਜ਼ 3 ਬੀ-1, ਐਸ.ਏ.ਐਸ.ਨਗਰ (ਮੋਹਾਲੀ) ਪਿੰਨ 160055
Website:-www.educationrecrutimentboard.com

ਨੰਬਰ:-ERDG/375/2021/275235/RD-7/2022270110 ਮਿਤੀ: ਸ.ਅ.ਸ.ਨਗਰ 11.10.2022

## ਉਮੀਦਵਾਰਾਂ ਲਈ ਹਦਾਇਤਾਂ

ਸਿੱਖਿਆ ਵਿਭਾਗ ਪੰਜਾਬ ਵਿੱਚ ਮਾਸਟਰ ਕਾਡਰ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ ਦੀਆਂ 4161 ਅਸਾਮੀਆਂ ਦੀ ਭਰਤੀ ਅਧੀਨ ਅੰਗਰੇਜ਼ੀ ਦੀਆਂ 790 ਅਸਾਮੀਆਂ ਅਤੇ ਮਿਤੀ 23.08.2021 ਨੂੰ ਵਿਗਿਆਪਤ 598 ਬੈਕਲਾਗ ਦੀਆਂ ਅਸਾਮੀਆਂ ਅਧੀਨ ਅੰਗਰੇਜ਼ੀ ਦੀਆਂ 143 ਅਸਾਮੀਆਂ ਭਰਨ ਲਈ ਯੋਗ ਉਮੀਦਵਾਰਾਂ ਪਾਸੋਂ ਵਿਭਾਗ ਦੀ ਵੈਬਸਾਈਟ www.educationrecruitmentboard.com ਤੇ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀ ਗਈ ਸੀ। ਜਿਹੜੇ ਉਮੀਦਵਾਰਾਂ ਨੇ ਇਨ੍ਹਾਂ ਅਸਾਮੀਆਂ ਲਈ ਅਪਲਾਈ ਕੀਤਾ ਸੀ, ਉਨ੍ਹਾਂ ਦਾ ਮਿਤੀ 04.09.2022 ਨੂੰ ਲਿਖਤੀ ਟੈਸਟ ਲਿਆ ਗਿਆ ਸੀ। ਮਿਤੀ 04.09.2022 ਨੂੰ ਲਏ ਗਏ ਲਿਖਤੀ ਟੈਸਟ ਦਾ ਨਤੀਜਾ ਐਲਾਨਿਆ ਜਾ ਚੁੱਕਿਆ ਹੈ। ਉਮੀਦਵਾਰਾਂ ਨੂੰ ਆਪਣੇ ਅਸਲ ਦਸਤਾਵੇਜਾਂ ਦੀ ਸਕਰੂਟਨੀ ਲਈ ਦਫ਼ਤਰ, ਡਾਇਰੈਕਟਰ ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ, ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਾਈਰੋਸਾਫ਼ਟ ਬਿਲਡਿੰਗ ਫੇਜ 3 ਬੀ-1 ਐਸ.ਏ.ਐਸ.ਨਗਰ ਵਿਖੇ ਹੇਠਾਂ ਦਰਸਾਏ ਗਏ ਸਡਿਊਲ ਅਨੁਸਾਰ ਮਿਤੀ 20.10.2022 ਅਤੇ ਮਿਤੀ 21.10.2022 ਨੂੰ ਸਵੇਰੇ 09.00 ਵਜੇ ਤੋਂ ਸ਼ਾਮ 3.00 ਵੱਜੇ ਤੱਕ ਅਸਲ ਦਸਤਾਵੇਜਾ ਦੀ ਸਕਰੂਟਨੀ ਲਈ ਸੱਦਾ ਦਿੱਤਾ ਜਾਂਦਾ ਹੈ।

ਬਿਨੈਕਾਰ ਨਿਰਿਧਾਰਿਤ ਸਡਿਊਲ ਅਨੁਸਾਰ ਦਸਤਾਵੇਜਾਂ ਦੀ ਸਕਰੂਟਨੀ ਤੇ ਆਉਣ ਤੋਂ ਪਹਿਲਾਂ ਹੇਠ ਦਰਸਾਏ ਅਨੁਸਾਰ ਸਕਰੂਟਨੀ ਫਾਰਮ ਵਿਭਾਗ ਦੀ ਵੈਬਾਈਟ ਤੋਂ ਡਾਊਨਲੋਡ ਕਰਕੇ ਉਸ ਨੂੰ ਸਾਫ਼ ਸੁੱਥਰਾ ਭਰਨ ਉਪਰੰਤ ਆਪਣੇ ਸਰਟੀਫਿਕੇਟਾਂ ਨੂੰ ਇੱਕ **Running PDF** ਤਿਆਰ ਕਰਕੇ mastercadreenglish4767@gmail.com ਤੇ ਈਮੇਲ ਦੇ **SUBJECT** ਕਾਲਮ ਵਿੱਚ ਆਪਣਾ ਰਜਿਸਟਰੇਸ਼ਨ ਨੰਬਰ ਅਤੇ ਨਾਮ ਭਰ ਕੇ **e-mail** ਕਰੇਗਾ।

1. ਜਨਮ ਮਿਤੀ ਸਬੰਧੀ ਦਸਵੀ ਦਾ ਸਰਟੀਫਿਕੇਟ
2. ਪੰਜਾਬੀ ਪਾਸ ਕਰਨ ਦਾ ਸਬੂਤ(ਦਸਵੀਂ ਕਲਾਸ ਜਾਂ ਉਚੇਰੀ ਪੱਧਰ ਤੇ)
3. ਗ੍ਰੈਜੂਏਸ਼ਨ ਭਾਵ ਬੀ.ਏ. ਭਾਗ I, II,III ਦੇ DMC ਅਤੇ ਡਿਗਰੀ।

4. ਬੀ.ਐਡ.ਦੀ ਦੀ DMC ਅਤੇ ਡਿਗਰੀ।
5. ਕੈਟਾਗਰੀ ਨਾਲ ਸਬੰਧਤ ਸਰਟੀਫਿਕੇਟ।
6. ਪੰਜਾਬ ਰਾਜ ਵਸਨੀਕ ਹੋਣ ਦਾ ਸਬੂਤ (ਕੇਵਲ ਉਹੀ ਉਮੀਦਵਾਰ ਜਿਨ੍ਹਾਂ ਨੇ ਕਿਸੇ ਰਿਜ਼ਰਵ ਕੈਟਾਗਰੀ ਵਿੱਚ ਅਪਲਾਈ ਕੀਤਾ ਹੈ)।
7. ਆਮਦਨ ਸਬੰਧੀ ਸਵੈ-ਘੋਸ਼ਣਾ ਪੱਤਰ (ਵਿਭਾਗ ਦੀ ਵੈਬਸਾਈਟ ਤੋਂ ਡਾਊਨਲੋਡ ਕਰਕੇ ਭਰਨ ਉਪਰੰਤ) ਜਿਹੜੇ ਉਮੀਦਵਾਰਾਂ ਨੇ ਪੱਛੜੀ ਸ਼੍ਰੇਣੀ ਕੈਟਾਗਰੀ ਵਿੱਚ ਅਪਲਾਈ ਕੀਤਾ ਹੈ)।
8. ਵਿਦਿਅਕ ਯੋਗਤਾ ਸਬੰਧੀ ਸਵੈ-ਘੋਸ਼ਣਾ ਸਬੰਧੀ ਪ੍ਰੋਫਾਰਮਾ।(ਜਿਨ੍ਹਾਂ ਉਮੀਦਵਾਰਾਂ ਨੇ ਪੰਜਾਬ ਰਾਜ ਤੋ ਬਾਹਰਲੇ ਰਾਜਾਂ ਤੋਂ ਵਿਦਿਅਕ ਯੋਗਤਾ ਪ੍ਰਾਪਤ ਕੀਤੀ ਹੈ)

ਉਮੀਦਵਾਰ ਦਸਤਾਵੇਜਾਂ ਦੀ ਸਕਰੂਟਿਨੀ ਤੇ ਆਉਣ ਸਮੇਂ ਆਪਣੇ ਨਾਲ ਅਸਲ ਸਰਟੀਫਿਕੇਟ, ਸਰਟੀਫਿਕੇਟ ਦੀਆਂ ਖੁਦ ਤਸਦੀਕ ਕੀਤੀਆਂ ਫੋਟੋਕਾਪੀਆਂ ਦਾ ਇੱਕ ਸੈਂਟ, ਆਪਣੀ ਪਾਸਪੋਰਟ ਸਾਈਜ ਦੀਆਂ 4 ਫੋਟੋਆਂ, ਆਨਲਾਈਨ ਅਪਲਾਈ ਕਰਨ ਦਾ ਫਾਰਮ, ਵਿਭਾਗ ਦੀ ਵੈਬਸਾਈਟ ਤੋਂ ਡਾਊਨਲੋਡ ਕੀਤਾ ਸਕਰੂਟਨੀ ਫਾਰਮ ਫਾਈਲ ਕਵਰ ਵਿੱਚ ਟੈਗ ਕਰਕੇ ਸਾਰੇ ਅਸਲ ਸਰਟੀਫਿਕੇਟ ਅਤੇ ਤਸਦੀਕੀ ਫੋਟੋਕਾਪੀਆਂ ਉਕਤ ਦਰਸਾਈ ਤਰਤੀਬ ਅਨੁਸਾਰ ਵੱਖਰੀਆਂ ਫਾਈਲਾਂ ਵਿੱਚ ਲਗਾ ਕੇ ਦਸਤਾਵੇਜਾ ਦੀ ਸਕਰੂਟਨੀ ਲਈ ਨਿੱਜੀ ਤੌਰ ਤੇ ਹਾਜਰ ਹੋਣਗੇ।

## ਸਕਰੂਟਿਨੀ ਲਈ ਸਡਿਊਲ ਹੇਠ ਅਨੁਸਾਰ ਹੈ:-

**MASTER CADRE ENGLISH 790 (4161 POSTS)**

| Sr. No. | Date of Scrutiny | Category | Called Cut off |
|---|---|---|---|
| 1 | **20-Oct-2022** | **OPEN** | 120 |

ਜਰੂਰੀ ਨੋਟ:- ਮਿਤੀ 20.10.2022 ਨੂੰ ਓਪਨ ਕੈਟਾਗਰੀ (**OPEN Category**) ਵਿੱਚ ਸਾਰੀਆਂ ਹੀ ਕੈਟਾਗਰੀਆਂ ਦੇ ਉਮੀਦਵਾਰ ਜਿਨ੍ਹਾਂ ਦੇ 120 ਜਾਂ ਇਸ ਤੋਂ ਵੱਧ ਅੰਕ ਹਨ, ਉਹ ਉਕਤ ਨਿਰਧਾਰਿਤ ਸੈਡੀਊਲ ਅਨੁਸਾਰ ਆਪਣੇ ਅਸਲ ਦਸਤਵੇਜਾਂ ਦੀ ਸਕਰੂਨਟੀ ਲਈ ਹਾਜ਼ਰ ਹੋਣਾ ਯਕੀਨੀ ਬਣਾਉਣਗੇ।

**MASTER CADRE ENGLISH 790 (4161 POSTS)**

| Sr. No. | Date of Scrutiny | Category | Called Cut off |
|---|---|---|---|
| 2 | **21-Oct-2022** | **SC(M&B)** | All |
| 3 | 21-Oct-2022 | **SC(R&O)** | 77 |
| 4 | 21-Oct-2022 | **BC** | 105 |

| | | | |
|---|---|---|---|
| 5 | 21-Oct-2022 | **GENERAL(ESM)** | All |
| 6 | 21-Oct-2022 | **SC(M&B)ESM** | All |
| 7 | 21-Oct-2022 | **SC(R&O)ESM** | All |
| 8 | 21-Oct-2022 | **BC(ESM)** | All |
| 9 | 21-Oct-2022 | **GEN(SPORTS)** | All |
| 10 | 21-Oct-2022 | **SC(M&B)SPORTS** | All |
| 11 | 21-Oct-2022 | **SC(R&O)SPORTS** | All |
| 12 | 21-Oct-2022 | **PH (ORTHO)** | All |
| 13 | 21-Oct-2022 | **PH (VISUAL)** | All |
| 14 | 21-Oct-2022 | **PH (HEARING)** | All |
| 15 | 21-Oct-2022 | **PH (ID)** | All |
| 16 | 21-Oct-2022 | **FREEDOM FIGHTER** | All |
| 17 | 21-Oct-2022 | **EWS** | 114 |

## MASTER CADRE ENGLISH 143 (BACKLOG 598 POSTS)

| Sr. No. | Date of Scrutiny | Category | Called Cut off |
|---|---|---|---|
| 1 | 21-Oct-2022 | **GENERAL(ESM)** | All |
| 2 | 21-Oct-2022 | **FF** | All |
| 3 | 21-Oct-2022 | **PH (VISUAL)** | All |
| 4 | 21-Oct-2022 | **PH (HEARING)** | All |
| 5 | 21-Oct-2022 | **PH (ORTHO)** | All |
| 6 | 21-Oct-2022 | **PH (ID)** | All |
| 7 | 21-Oct-2022 | **GEN(SPORTS)** | All |

1. ਉਪਰੋਕਤ ਦਿੱਤੇ ਸਡਿਊਲ ਅਨੁਸਾਰ ਉਮੀਦਵਾਰ ਦਸਤਾਵੇਜਾਂ ਦੀ ਸਕਰੂਟਨੀ ਕਰਵਾਉਣ ਲਈ ਨਿੱਜੀ ਪੱਧਰ ਤੇ ਹਾਜ਼ਰ ਹੋਣਾ ਯਕੀਨੀ ਬਨਾਉਣ।
2. ਕਿਸੇ ਵੀ ਉਮੀਦਵਾਰ ਵੱਲੋਂ ਦਸਤਵੇਜਾ ਦੀ ਸਕਰੂਟਨੀ ਵਿੱਚ ਹਾਜਰ ਹੋਣ ਦਾ ਭਾਵ ਇਹ ਨਹੀਂ ਕਿ ਉਸ ਦਾ ਨਿਯੁਕਤੀ ਲਈ ਹੱਕ ਪੈਦਾ ਹੋ ਗਿਆ ਹੈ।

3. ਦਸਤਾਵੇਜਾ ਦੀ ਸਕਰੂਟਨੀ ਸਮੇਂ ਸਾਰੇ ਅਸਲ ਦਸਤਾਵੇਜ/ਸਰਟੀਫਿਕੇਟ ਚੈਕ ਕੀਤੇ ਜਾਣਗੇ।ਇਸ ਤੋਂ ਬਾਅਦ ਕੋਈ ਵੀ ਸਰਟੀਫਿਕੇਟ/ਦਸਤਾਵੇਜ ਕਿਸੇ ਵੀ ਸੂਰਤ ਵਿੱਚ ਨਹੀਂ ਲਿਆ ਜਾਵੇਗਾ।
4. ਅਸਲ ਦਸਤਾਵੇਜ, ਦਸਤਾਵੇਜਾ ਦੀ ਸਕਰੂਟਨੀ ਲਈ ਗਠਿਤ ਸਬ-ਕਮੇਟੀਆਂ ਕੋਲੋਂ ਚੈਕ ਕਰਵਾਉਣੇ ਅਤਿ ਜਰੂਰੀ ਹਨ।ਦਸਤਾਵੇਜ ਚੈਕ ਨਾਂ ਕਰਵਾਉਣ ਦੀ ਸੂਰਤ ਵਿੱਚ ਜਾਂ ਜਿਨ੍ਹਾਂ ਉਮੀਦਵਾਰਾਂ ਦੇ ਕੋਈ ਦਸਤਾਵੇਜ ਅਧੂਰੇ ਪਾਏ ਜਾਂਦੇ ਹਨ ਤਾਂ ਉਨ੍ਹਾਂ ਦੀ ਪਾਤਰਤਾ ਉਸ ਸਮੇਂ ਰੱਦ ਕਰ ਦਿੱਤੀ ਜਾਵੇਗੀ।
5. ਸਪੱਸ਼ਟ ਕੀਤੀ ਜਾਂਦਾ ਹੈ ਕਿ ਜੇਕਰ ਕਿਸੇ ਵੀ ਉਮੀਦਵਾਰ ਦਾ ਕੋਈ ਵੀ ਦਸਤਵੇਜ/ਸਰਟੀਫਿਕੇਟ ਗਲਤ ਜਾਂ ਜਾਅਲੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ **F.I.R. ਮੌਕੇ ਤੇ ਹੀ ਦਰਜ ਕਰਵਾਈ ਜਾਵੇਗੀ।**

ਨੋਟ :- ਬਾਕੀ ਵਿਸ਼ਿਆ ਵਿੱਚ ਅਪਲਾਈ ਕੀਤੇ ਉਮੀਦਵਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਵਿਭਾਗ ਵੱਲੋਂ ਬਾਕੀ ਵਿਸ਼ਿਆ ਦਾ ਨਤੀਜਾ ਜਲਦ ਹੀ ਘੋਸ਼ਿਤ ਕਰਦੇ ਹੋਏ ਸਕਰੂਟਨੀ ਪ੍ਰੋਸੈਸ ਸ਼ੁਰੂ ਕੀਤਾ ਜਾ ਰਿਹਾ ਹੈ, ਇਸ ਲਈ ਉਹ ਆਪਣੇ ਦਸਤਾਵੇਜ ਸਕਰੂਟਨੀ ਦੌਰਾਨ ਪੇਸ਼ ਕਰਨ ਲਈ ਤਿਆਰ ਰਹਿਣ।

ਸਹਾਇਕ ਡਾਇਰੈਕਟਰ,
ਸਿੱਖਿਆ ਭਰਤੀ ਡਾਇਰੈਕਟੋਰੇਟ,
ਪੰਜਾਬ, ਐਸ.ਏ.ਐਸ.ਨਗਰ।